# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 28-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਭਾਰਤ ਨੂੰ ਵਿਕਾਸ ਦੇ ਨਾਲ-ਨਾਲ ਆਪਣੀ ਵਿਰਾਸਤ ਨੂੰ ਸੰਭਾਲ ਕੇ ਅੱਗੇ ਵਧਣਾ ਚਾਹੀਦਾ ਏ -ਉਨ੍ਹਾਂ ਨੇ ਰਾਸ਼ਟਰ ਨੂੰ ਬਸਤੀਵਾਦੀ ਮਾਨਸਿਕਤਾ ਤੋਂ ਬਾਹਰ ਨਿਕਲਣ ਦਾ ਦਿੱਤਾ ਸੱਦਾ ।
- ਪੰਜਾਬ ਜੇਲ ਵਿਭਾਗ ਵਿਚ ਕਥਿਤ ਤੌਰ ਤੇ ਭ੍ਰਿਸ਼ਟਾਚਾਰ ਦੇ ਮੱਦੇਨਜ਼ਰ ਸੂਬਾ ਸਰਕਾਰ ਵਲੋਂ 25 ਜੇਲ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ।
- ਕੈਬਨਿਟ ਮੰਤਰੀ ਰਵਜੋਤ ਸਿੰਘ ਵੱਲੋਂ ਮਾਨਸਾ ਵਿਖੇ 43 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਪਾਈਪਲਾਈਨ ਪ੍ਰੋਜੈਕਟ ਦੀ ਸ਼ੁਰੂਆਤ ।

- ਜਲੰਧਰ-ਅੰਮ੍ਰਿਤਸਰ ਰਾਸ਼ਟਰੀ ਰਾਜ ਮਾਰਗ ‘ਤੇ ਗੁਡਾਣਾ ਪੁਲ ਨੇੜੇ ਅੱਜ ਸਵੇਰੇ ਦੋ ਵਾਹਨਾਂ ਦੀ ਟੱਕਰ ਵਿਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਦੀ ਮੌਤ ਹੋਈ 14 ਜ਼ਖਮੀ।
- ਸਰਕਾਰ ਵਲੋਂ ਸੀਨੀਅਰ ਭਾਰਤੀ ਪੁਲਿਸ ਸੇਵਾ ਅਧਿਕਾਰੀ ਪਰਾਗ ਜੈਨ ਨੂੰ ਦੋ ਸਾਲਾਂ ਲਈ ਖੋਜ ਅਤੇ ਵਿਸ਼ਲੇਸ਼ਣ ਵਿੰਗ-ਰਾਅ ਦਾ ਅਗਲਾ ਸਕੱਤਰ ਨਿਯੁਕਤ ਕੀਤਾ ਗਿਆ ।
- ਮੌਸਮ ਵਿਭਾਗ ਵਲੋਂ ਆਉਂਦੇ ਦੋ ਤੋਂ ਤਿੰਨ ਦਿਨਾਂ ਦੌਰਾਨ, ਸੂਬੇ ਵਿਚ ਹਲਕੀ ਤੋਂ ਦਰਮਿਆਨੀ ਵਰਖਾ ਦੀ ਪੇਸ਼ੀਨਗੋਈ-ਅੱਜ ਜਲੰਧਰ ਤੇ ਮੋਹਾਲੀ ਸਮੇਤ ਕਈ ਥਾਈਂ ਭਾਰੀ ਮੀਂਹ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਆਪਣੇ ਵਿਚਾਰਾਂ, ਦਰਸ਼ਨ ਅਤੇ ਬੁੱਧੀਮਤਾ ਕਾਰਨ ਹਜ਼ਾਰਾਂ ਸਾਲਾਂ ਤੋਂ ਸਦੀਵੀ ਬਣਿਆ ਹੋਇਆ ਏ। ਨਵੀਂ ਦਿੱਲੀ ਵਿੱਚ ਆਚਾਰੀਆ ਵਿਦਿਆਨੰਦ ਜੀ ਮਹਾਰਾਜ ਦੇ ਸ਼ਤਾਬਦੀ ਸਮਾਗਮ ਦਾ ਉਦਘਾਟਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ, ਭਾਰਤ ਦੁਨੀਆ ਦੀ ਸਭ ਤੋਂ ਪੁਰਾਤਨ ਜੀਵੰਤ ਸਭਿਅਤਾ ਏ ਅਤੇ

ਇਸ ਸਦੀਵੀ ਦਰਸ਼ਨ ਦਾ ਸਰੋਤ ਦੇਸ਼ ਦੇ ਰਿਸ਼ੀ, ਸੰਤ, ਅਤੇ ਆਚਾਰੀਆ ਨੇ। ਉਨ੍ਹਾਂ ਕਿਹਾ ਕਿ ਆਚਾਰੀਆ ਵਿਦਿਆਨੰਦ ਮੁਨੀ ਇਸ ਪੁਰਾਤਨ ਭਾਰਤੀ ਰਵਾਇਤ ਦੇ ਇੱਕ ਆਧੁਨਿਕ ਪ੍ਰਕਾਸ਼ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਕੇਂਦਰ ਸਰਕਾਰ, ਦੇਸ਼ ਦੀ ਸੱਭਿਆਚਾਰਕ ਵਿਰਾਸਤ ਅਤੇ ਤੀਰਥ ਸਥਾਨਾਂ ਦਾ ਵਿਕਾਸ ਵੀ ਕਰ ਰਹੀ ਏ। ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਬਸਤੀਵਾਦੀ ਮਾਨਸਿਕਤਾ ਤੋਂ ਮੁਕਤ ਕਰਨ 'ਤੇ ਵੀ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਸੇਵਾ ਅਤੇ ਮਨੁੱਖਤਾ ਨੂੰ ਸਮਰਪਿਤ ਦੇਸ਼ ਏ। ਉਨ੍ਹਾਂ ਕਿਹਾ ਕਿ ਜਦੋਂ ਹਜ਼ਾਰਾਂ ਸਾਲਾਂ ਤੋਂ ਦੁਨੀਆ, ਹਿੰਸਾ ਨੂੰ ਹਿੰਸਾ ਨਾਲ ਸ਼ਾਂਤ ਕਰਨ ਦੀ ਕੋਸ਼ਿਸ਼ ਕਰ ਰਹੀ ਸੀ, ਤਾਂ ਭਾਰਤ ਨੇ ਦੁਨੀਆ ਨੂੰ ਅਹਿੰਸਾ ਦੀ ਸ਼ਕਤੀ ਦਾ ਅਹਿਸਾਸ ਕਰਵਾਇਆ। ਪ੍ਰਧਾਨ ਮੰਤਰੀ ਨੇ 9 ਸੰਕਲਪਾਂ 'ਤੇ ਵੀ ਜ਼ੋਰ ਦਿੱਤਾ।

BYTE -

---------------------------------------------------------

ਪੰਜਾਬ ਜੇਲ ਵਿਭਾਗ ਵਿਚ ਕਥਿਤ ਤੌਰ ਤੇ ਭ੍ਰਿਸ਼ਟਾਚਾਰ ਦੇ ਮੱਦੀਨਜ਼ਰ ਪੰਜਾਬ ਸਰਕਾਰ ਵਲੋਂ 25 ਜੇਲ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ

ਗਿਆ। ਜੇਲ ਵਿਭਾਗ  ਦੇ ਸੂਤਰਾਂ ਮੁਤਾਬਿਕ ਡਿਊਟੀ ਵਿੱਚ ਲਾਪਰਵਾਹੀ ਅਤੇ ਸ਼ੱਕੀ ਗਤੀਵਿਧੀਆਂ ਲਈ ਕੁਝ ਸੀਨੀਅਰ ਅਧਿਕਾਰੀਆਂ ਸਮੇਤ 25 ਜੇਲ੍ਹ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਏ। ਜ਼ਿਕਰਯੋਗ ਏ ਕਿ ਬੀਤੇ ਕੁਝ ਸਮੇਂ ਵਿਚ ਹੁਸ਼ਿਆਰਪੁਰ, ਸੰਗਰੂਰ ਅਤੇ ਅੰਮ੍ਰਿਤਸਰ ਜੇਲਾਂ ਦੇ ਕੁਝ ਸੀਨੀਅਰ ਅਧਿਕਾਰੀਆਂ ਸਮੇਤ ਹੋਰਨਾਂ ਨੂੰ ਜੇਲਾਂ ਵਿਚ ਕਾਦੀਆਂ ਨੂੰ ਕਥਿਤ ਤੌਰ ਤੇ ਨਸ਼ੇ ਸਪਲਾਈ  ਤਸਕਰੀ ਕਰਨ ਲਈ ਗਿਰਫ਼ਤਾਰ ਕੀਤਾ ਗਿਆ ਸੀ।

---------------------------------------------------

ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲੇ ਵਿਭਾਗ ਮੰਤਰੀ ਰਵਜੋਤ ਸਿੰਘ ਨੇ 43 ਕਰੋੜ 90 ਲਖ ਦੀ ਲਾਗਤ ਨਾਲ ਮਾਨਸਾ ਤੋਂ ਸੀਵਰੇਜ਼ ਪਾਈਪਲਾਈਨ ਪ੍ਰੋਜੈਕਟ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਸੀਵਰੇਜ਼ ਟਰੀਟਮੈਂਟ ਪਲਾਂਟ ਤੋਂ ਸਰਹੰਦ ਚੋਅ ਤੱਕ 5 ਕਿਲੋਮੀਟਰ ਤੋਂ ਵੱਧ ਪਾਈਪਲਾਈਨ ਵਿਛਾਈ ਜਾਣੀ ਏ  ਅਤੇ ਇਹ ਕੰਮ 12 ਮਹੀਨਿਆਂ ਦੇ ਅੰਦਰ ਅੰਦਰ ਮੁਕੰਮਲ ਕੀਤਾ ਜਾਣਾ ਏ , ਜਿਸ ਨਾਲ ਸ਼ਹਿਰ ਵਾਸੀਆਂ

ਨੂੰ ਸੀਵਰੇਜ਼ ਦੇ ਓਵਰ ਫਲੋਅ ਦੀ ਸਮੱਸਿਆ ਤੋਂ ਨਿਜਾਤ ਮਿਲੇਗੀ। ਉਨ੍ਹਾਂ ਦੱਸਿਆ ਕਿ ਸੀਵਰੇਜ਼ ਟਰੀਟਮੈਂਟ ਪਲਾਂਟ ਤੋਂ ਇਹ ਪਾਣੀ ਸਾਫ ਕਰਨ ਤੋਂ ਬਾਅਦ ਪਾਈਪਲਾਈਨ ਰਾਹੀਂ ਭੇਜਿਆ ਜਾਵੇਗਾ ਅਤੇ ਜਿੱਥੇ ਲੋੜ ਹੋਵੇਗੀ ਉੱਥੇ ਨੱਕੇ ਰੱਖੇ ਜਾਣਗੇ, ਜਿਸ ਨਾਲ ਕਿਸਾਨਾਂ ਨੂੰ ਵੀ ਇਸ ਦਾ ਲਾਭ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸ਼ਹਿਰ ਦੀਆਂ ਲਿੰਕ ਸੜ੍ਹਕਾਂ ਲਈ ਵੀ ਸਾਢੇ 5 ਕਰੋੜ ਰੁਪਏ ਦੀ ਗਰਾਂਟ ਦੀ ਮਨਜ਼ੂਰੀ ਦਿੱਤੀ ਜਾ ਚੁੱਕੀ ਏ , ਜਿਸ ਦਾ ਕੰਮ ਵੀ ਜਲਦ ਸ਼ੁਰੂ ਕਰਵਾ ਦਿੱਤਾ ਜਾਵੇਗਾ । ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਡਾ.ਵਿਜੈ ਸਿੰਗਲਾ ਅਤੇ ਗੁਰਪ੍ਰੀਤ ਸਿੰਘ ਬਣਾਂਵਾਲੀ ਵੀ ਮੌਜੂਦ ਸਨ।

---

ਪੰਜਾਬ ਵਿਧਾਨ ਸਭਾ ਦੇ ਕੁਲਤਾਰ ਸਿੰਘ ਸੰਧਵਾਂ ਵੱਲੋਂ ਆਮ ਆਦਮੀ ਪਾਰਟੀ ਦੇ ਆਗੂ ਅਤੇ ਨਵੇਂ ਚੁਣੇ ਗਏ ਵਿਧਾਇਕ ਸੰਜੀਵ ਅਰੋੜਾ ਨੂੰ ਅੱਜ ਅਹੁਦੇ ਅਤੇ ਸਰਕਾਰੀ ਭੇਦ ਗੁਪਤ ਰੱਖਣ ਦੀ ਸੌਂਹ ਚੁਕਾਈ ਗਈ । ਸ੍ਰੀ ਅਰੋੜਾ ਜੋ ਆਮ ਆਦਮੀ ਪਾਰਟੀ ਦੇ ਲੁਧਿਆਣਾ ਪੱਛਮੀ ਵਿਧਾਨ ਸਭਾ ਦੀ ਜ਼ਿਮਨੀ ਚੋਣ ਵਿੱਚ ਉਮੀਦਵਾਰ ਸਨ, ਕਾਂਗਰਸੀ ਆਗੂ ਭਾਰਤ

ਭੂਸ਼ਣ ਆਸ਼ੂ ਨੂੰ 10 ਹਜ਼ਾਰ ਤੋਂ ਵੱਧ ਵੋਟਾਂ ਨਾਲ ਹਰਾ ਕੇ ਇਸ ਸੀਟ ਤੋਂ ਜੇਤੂ ਰਹੇ ਸਨ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਅਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ ਇਹ 123ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

-------------------------------------------------------------

ਜਲੰਧਰ-ਅੰਮ੍ਰਿਤਸਰ ਰਾਸ਼ਟਰੀ ਰਾਜ-ਮਾਰਗ 'ਤੇ ਗੁਡਾਣਾ ਪੁਲ ਨੇੜੇ ਅੱਜ ਸਵੇਰੇ ਦੋ ਵਾਹਨਾਂ ਦੀ ਟੱਕਰ  ਵਿਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ 14 ਲੋਕ ਜ਼ਖਮੀ ਹੋ ਗਏ  । ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ, ਸੜਕ ਸੁਰੱਖਿਆ ਬਲ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਜ਼ਖਮੀਆਂ ਨੂੰ ਇਲਾਜ ਲਈ ਬਿਆਸ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ । ਸੜਕ ਸੁਰੱਖਿਆ ਬਲ ਦੇ ਇੰਚਾਰਜ ਕੁਲਦੀਪ ਸਿੰਘ ਨੇ ਦੱਸਿਆ ਕਿ ਸਵੇਰੇ ਕਰੀਬ  5 ਵਜੇ ਇੱਕ ਰਾਹਗੀਰ ਤੋਂ ਸੂਚਨਾ ਮਿਲੀ ਕਿ ਗੁਡਾਣਾ ਪੁਲ ਨੇੜੇ ਹਾਦਸਾ ਹੋਇਆ ਏ । ਉਨਾਂ ਦਸਿਆ ਕਿ ਇੱਕ ਕਾਰ ਅਤੇ ਇੱਕ ਛੋਟਾ ਟਰੱਕ ਹਾਦਸਾਗ੍ਰਸਤ ਹੋ ਗਿਆ । ਇਸ ਹਾਦਸੇ ਵਿੱਚ ਦੋਵੇਂ ਵਾਹਨ ਪਲਟ ਗਏ ਅਤੇ ਕਰ ਪੁਲ ਤੋਂ ਹੇਠਾਂ ਡਿੱਗ ਗਈ। ਦੋਵਾਂ ਵਾਹਨਾਂ ਵਿੱਚ ਸਵਾਰ 14 ਲੋਕ ਜ਼ਖਮੀ ਹੋ ਗਏ, ਜਿਨ੍ਹਾਂ ਵਿੱਚੋਂ ਦੋ ਔਰਤਾਂ ਸਮੇਤ ਤਿੰਨ ਜਣਿਆਂ ਦੀ ਮੌਤ ਹੋ ਗਈ । ਮ੍ਰਿਤਕਾਂ ਦੀ ਪਛਾਣ ਹੁਸ਼ਿਆਰਪੁਰ ਵਾਸੀ ਪ੍ਰਵੀਨ ਕੁਮਾਰੀ ਅਤੇ ਉਸਦੇ ਪਤੀ ਕਲਿਆਣ ਸਿੰਘ ਅਤੇ ਸੰਜਨਾ ਵਜੋਂ ਹੋਈ ਏ । ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ  ।

---------------------------------------------------

ਸਰਕਾਰ ਨੇ ਸੀਨੀਅਰ ਭਾਰਤੀ ਪੁਲਿਸ ਸੇਵਾ ਅਧਿਕਾਰੀ ਪਰਾਗ ਜੈਨ ਨੂੰ ਦੋ ਸਾਲਾਂ ਲਈ ਖੋਜ ਅਤੇ ਵਿਸ਼ਲੇਸ਼ਣ ਵਿੰਗ-ਰਾਅ ਦਾ ਅਗਲਾ ਸਕੱਤਰ ਨਿਯੁਕਤ ਕੀਤਾ ਏ । ਪੰਜਾਬ ਕੇਡਰ ਦੇ 1989 ਬੈਚ ਦੇ ਆਈ.ਪੀ.ਐਸ ਅਧਿਕਾਰੀ ਪਰਾਗ ਜੈਨ, ਰਵੀ ਸਿਨਹਾ ਦੀ ਥਾਂ ਲੈਣਗੇ। ਕੈਬਨਿਟ ਦੀ ਨਿਯੁਕਤੀਆਂ ਬਾਰੇ ਕਮੇਟੀ ਨੇ ਪਰਾਗ ਜੈਨ ਦੀ ਨਿਯੁਕਤੀ ਨੂੰ ਮਨਜ਼ੂਰੀ ਦੇ ਦਿੱਤੀ ਏ ।

---------------------------------------------------

ਸਰਕਾਰ ਨੇ ਖੇਤੀਬਾੜੀ ਜੰਗਲਾਤ ਨੂੰ ਉਤਸ਼ਾਹਿਤ ਕਰਨ ਲਈ ਖੇਤੀਬਾੜੀ ਜ਼ਮੀਨ 'ਤੇ ਰੁੱਖਾਂ ਦੀ ਕਟਾਈ ਲਈ ਆਦਰਸ਼ ਨੇਮ ਜਾਰੀ ਕੀਤੇ ਨੇ. ਇਸਦਾ ਉਦੇਸ਼ ਕਿਸਾਨਾਂ ਦੀ ਆਮਦਨ ਦੁੱਗਣੀ ਕਰਨਾ, ਜੰਗਲਾਂ ਤੋਂ ਬਾਹਰ ਰੁੱਖਾਂ ਦੇ ਘੇਰੇ ਨੂੰ ਵਧਾਉਣਾ, ਜਲਵਾਯੂ ਤਬਦੀਲੀ ਨੂੰ ਘਟਾਉਣਾ, ਲੱਕੜ ਦੀ ਦਰਾਮਦ ਨੂੰ ਘਟਾਉਣਾ ਅਤੇ ਜ਼ਮੀਨ ਦੀ ਨਿਰੰਤਰ ਰਹਿਣ ਯੋਗ ਵਰਤੋਂ ਨੂੰ ਯਕੀਨੀ ਬਣਾਉਣਾ ਵੀ ਏ । ਇਹ ਪੈਰਿਸ ਸਮਝੌਤੇ ਤਹਿਤ ਭਾਰਤ ਦੇ ਜਲਵਾਯੂ ਟੀਚਿਆਂ ਦੀ ਹਮਾਇਤ ਵੀ

ਕਰਦਾ ਏ. ਚੁਗਿਰਦਾ ਮੰਤਰਾਲੇ ਨੇ ਸਾਰੇ ਰਾਜਾਂ ਦੇ ਮੁੱਖ ਸਕੱਤਰਾਂ ਨੂੰ ਭੇਜੇ ਇੱਕ ਪੱਤਰ ਵਿੱਚ ਕਿਹਾ ਏ ਕਿ, ਇਸਦਾ ਉਦੇਸ਼ ਖੇਤੀਬਾੜੀ ਜੰਗਲਾਤ ਵਿੱਚ ਕਾਰੋਬਾਰ ਕਰਨ ਦੀ ਸੌਖ ਨੂੰ ਵਧਾਉਣਾ ਅਤੇ ਕਿਸਾਨਾਂ ਨੂੰ ਅਮਲ ਸੰਬੰਧੀ ਕਿਸੇ ਤਰ੍ਹਾਂ ਦੀਆਂ ਰੁਕਾਵਟਾਂ ਦਾ ਸਾਹਮਣਾ ਕੀਤੇ ਆਪਣੇ ਖੇਤੀ ਪ੍ਰਣਾਲੀਆਂ ਵਿੱਚ ਰੁੱਖਾਂ ਨੂੰ ਜੋੜਨ ਲਈ ਉਤਸ਼ਾਹਿਤ ਕਰਨਾ ਏ ।

ਆਦਰਸ਼ ਨੇਮਾਂ ਮੁਤਾਬਿਕ, ਲੱਕੜ-ਅਧਾਰਤ ਸਨਅਤਾਂ (ਸਥਾਪਨਾ ਅਤੇ ਨੇਮ੍ਬ੍ਧੀ) ਦਿਸ਼ਾ-ਨਿਰਦੇਸ਼, 2016 ਤਹਿਤ ਪਹਿਲਾਂ ਹੀ ਬਣਾਈ ਗਈ ਰਾਜ ਪੱਧਰੀ ਕਮੇਟੀ ਹੀ ਇਨ੍ਹਾਂ ਨੇਮਾਂ ਲਈ ਵੀ ਕਮੇਟੀ ਵਜੋਂ ਕੰਮ ਕਰੇਗੀ। ਇਸ ਵਿੱਚ ਹੁਣ ਮਾਲੀਆ ਅਤੇ ਖੇਤੀਬਾੜੀ ਵਿਭਾਗਾਂ ਦੇ ਅਧਿਕਾਰੀ ਵੀ ਸ਼ਾਮਲ ਹੋਣਗੇ। ਕਮੇਟੀ ਰਾਜ ਸਰਕਾਰ ਨੂੰ ਸਲਾਹ ਦੇਵੇਗੀ ਕਿ ਖੇਤੀਬਾੜੀ ਜੰਗਲਾਤ ਨੂੰ ਕਿਵੇਂ ਉਤਸ਼ਾਹਿਤ ਕੀਤਾ ਜਾਵੇ ਅਤੇ ਰੁੱਖਾਂ ਦੀ ਕਟਾਈ ਅਤੇ ਆਵਾਜਾਈ ਲਈ ਨੇਮਾਂ ਨੂੰ ਸਰਲ ਬਣਾ ਕੇ ਖੇਤੀਬਾੜੀ ਜ਼ਮੀਨਾਂ ਤੋਂ ਲੱਕੜ ਦਾ ਉਤਪਾਦਨ ਖਾਸ ਕਰਕੇ ਵਪਾਰਕ ਮੁੱਲ ਵਾਲੀਆਂ ਪ੍ਰਜਾਤੀਆਂ ਤੋਂ ਉਤਪਾਦਨ ਨੂੰ ਕਿਵੇਂ ਵਧਾਇਆ

ਜਾਵੇ. ਬਿਨੈਕਾਰਾਂ ਨੂੰ ਆਪਣੀ ਪਲਾਂਟੇਸ਼ਨ ਜ਼ਮੀਨ ਨੂੰ ਨੈਸ਼ਨਲ ਟਿੰਬਰ ਮੈਨੇਜਮੈਂਟ ਸਿਸਟਮ ਪੋਰਟਲ 'ਤੇ ਰਜਿਸਟਰ ਕਰਨਾ ਪਵੇਗਾ। ਉਨ੍ਹਾਂ ਨੂੰ ਜ਼ਮੀਨ ਦੀ ਮਾਲਕੀ ਦੇ ਵੇਰਵੇ ਅਤੇ ਆਪਣੀ ਖੇਤੀਬਾੜੀ ਜ਼ਮੀਨ ਦੀ ਸਥਿਤੀ ਦਰਜ ਕਰਨੀ ਪਵੇਗੀ।

-----------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਮਾਲੇਰਕੋਟਲਾ ਦੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਦਫ਼ਤਰ ਵਿਖੇ ਤਾਇਨਾਤ ਕਲਰਕ ਵਿਕਾਸ ਜਿੰਦਲ ਨੂੰ ਇੱਕ ਅਧਿਆਪਕ ਤੋਂ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਦੇ ਮੁਤਾਬਕ ਮੁਲਜ਼ਮ ਕਲਰਕ ਨੇ ਮਾਲੇਰਕੋਟਲਾ ਦੇ ਪਿੰਡ ਬਾਗੜੀਆਂ ਦੇ ਸ਼ਿਕਾਇਤਕਰਤਾ ਅਧਿਆਪਕ ਤੋਂ ਡੀ.ਈ.ਓ. ਦਫ਼ਤਰ ਵਿੱਚ ਉਸਦੇ ਬਕਾਇਆ ਭੱਤੇ ਜਾਰੀ ਕਰਨ ਬਦਲੇ 30 ਹਜ਼ਾਰ ਰੁਪਏ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਇਹ ਕਲਰਕ ਪਹਿਲਾਂ ਹੀ ਉਸ ਕੋਲੋਂ 10,000 ਰੁਪਏ ਰਿਸ਼ਵਤ ਲੈ ਚੁੱਕਾ ਏ ਅਤੇ ਬਾਕੀ ਦੀ ਰਕਮ ਮੰਗ ਰਿਹਾ ਏ। ਉਨ੍ਹਾਂ ਦੱਸਿਆ ਕਿ ਇਸ ਸ਼ਿਕਾਇਤ

ਦੀ ਮੁੱਢਲੀ ਤਸਦੀਕ ਉਪਰੰਤ ਪਟਿਆਲਾ ਰੇਂਜ ਦੀ ਵਿਜੀਲੈਂਸ ਟੀਮ ਨੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20 ਹਜ਼ਾਰ ਰੁਪਏ ਲੈਂਦਿਆਂ ਕਾਬੂ ਕਰ ਲਿਆ। ਇਸ ਸਬੰਧੀ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਏ।

---------------------------------------------------

ਜਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਕਸਬਾ ਦੀਨਾਨਗਰ ਅਧੀਨ ਪੈਂਦੇ ਮਕੋੜਾ ਪਤਨ ਰਾਵੀ ਦਰਿਆ ਤੇ ਬਣਿਆ ਅਸਥਾਈ ਪੁਲ ਚੁੱਕੇ ਜਾਣ ਕਾਰਨ ਰਾਵੀ ਦਰਿਆ ਤੋਂ ਪਾਰ ਵੱਸਦੇ 7 ਪਿੰਡਾ ਦਾ ਸਪੰਰਕ ਦੇਸ਼ ਨਾਲ ਟੁੱਟ ਚੁੱਕਾ ਏ ਅਤੇ ਇਹਨਾਂ ਪਿੰਡਾ ਨੂੰ ਜਾਣ ਦਾ ਇਕੋ ਇਕ ਸਹਾਰਾ ਕਿਸ਼ਤੀ ਏ। ਲੋਕਾਂ ਦਾ ਆਖਣਾ ਏ ਕਿ ਇਸ ਜਗ੍ਹਾ 'ਤੇ ਵਿਭਾਗ ਵੱਲੋਂ ਹਰ ਸਾਲ ਆਰਜ਼ੀ ਪਲਟੂਨ ਪੁਲ ਅਕਤੂਬਰ-ਨਵੰਬਰ ਮਹੀਨੇ ਵਿਚ ਪਾਇਆ ਜਾਂਦਾ ਏ ਅਤੇ ਬਰਸਾਤ ਦਾ ਮੌਸਮ ਆਉਣ 'ਤੇ ਚੁੱਕ ਲਿਆ ਜਾਂਦਾ ਏ। ਇਸ ਵਾਰ ਵਿਭਾਗ ਵੱਲੋਂ 15 ਦਿਨ ਪਹਿਲਾਂ ਹੀ ਪਲਟੂਨ ਪੁਲ ਚੁੱਕ

ਲਿਆ ਗਿਆ ਏ। ਜਿਸ ਨਾਲ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਏ। ਪੁਲ ਦੇ ਪਾਰ ਵੱਸਦੇ 7 ਪਿੰਡਾਂ ਦੇ ਲੋਕਾਂ ਨੇ ਸਰਕਾਰ ਤੋਂ ਪੁਲ ਬਣਾਏ ਜਾਣ ਦੀ ਮੰਗ ਕੀਤੀ ਏ।  ਪਿੰਡ ਦੇ ਵਸਨੀਕ ਰਮਨ ਕੁਮਾਰ ਨੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਬਾਰੇ ਕਿਹਾ

BYTE

---------------------------------------------------------

ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਨਾਲ ਅੱਜ ਜਲੰਧਰ, ਮੋਹਾਲੀ ਅਤੇ ਚੰਡੀਗੜ੍ਹ ਸਮੇਤ ਕਈ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਵਰਖਾ ਹੋਣ ਨਾਲ ਭਿਆਨਕ ਗਰਮੀ ਤੋਂ ਕੁਝ ਰਾਹਤ ਮਿਲੀ ਏ। ਮੌਸਮ ਵਿਭਾਗ ਨੇ 30 ਜੂਨ ਤੋਂ ਅਤੇ ਪਹਿਲੀ ਜੁਲਾਈ ਨੂੰ ਬਹੁਤੀਆਂ ਥਾਵਾਂ 'ਤੇ ਜਦਕਿ 30 ਜੂਨ ਨੂੰ ਪਟਿਆਲਾ ਅਤੇ ਸੰਗਰੂਰ ਵਿਚ ਬਹੁਤ ਭਾਰੀ ਵਰਖਾ ਦੀ ਪੇਸ਼ੀਨਗੋਈ ਕੀਤੀ ਗਈ ਏ। ਆਉਂਦੇ ਦਿਨਾਂ ਦੌਰਾਨ ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਲਈ ਹਾਲਾਤ ਸੁਖਾਵੇਂ ਹੋਣ ਦੀ

ਉਮੀਦ ਜਤਾਈ ਗਈ ਏ। ਹੁਣ ਵੀ ਜਲੰਧਰ ਸਮੇਤ ਕਿ ਜ਼ਿਲਿਆਂ ਵਿਚ ਸੰਘਣੀ ਬੱਦਲਵਾਈ ਬਣੀ ਹੋਈ ਏ ਤੇ ਮੀਂਹ ਵੀ ਪੈ ਰਿਆ ਏ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਭਾਰਤ ਨੂੰ ਵਿਕਾਸ ਦੇ ਨਾਲ-ਨਾਲ ਆਪਣੀ ਵਿਰਾਸਤ ਨੂੰ ਸੰਭਾਲ ਕੇ ਅੱਗੇ ਵਧਣਾ ਚਾਹੀਦਾ ਏ -ਉਨ੍ਹਾਂ ਨੇ ਰਾਸ਼ਟਰ ਨੂੰ ਬਸਤੀਵਾਦੀ ਮਾਨਸਿਕਤਾ ਤੋਂ ਬਾਹਰ ਨਿਕਲਣ ਦਾ ਦਿੱਤਾ ਸੱਦਾ।
- ਪੰਜਾਬ ਜੇਲ ਵਿਭਾਗ ਵਿਚ ਕਥਿਤ ਤੌਰ ਤੇ ਭ੍ਰਿਸ਼ਟਾਚਾਰ ਦੇ ਮੱਦੇਨਜ਼ਰ ਸੂਬਾ ਸਰਕਾਰ ਵਲੋਂ 25 ਜੇਲ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ।
- ਕੈਬਨਿਟ ਮੰਤਰੀ ਰਵਜੋਤ ਸਿੰਘ ਵੱਲੋਂ ਮਾਨਸਾ ਵਿਖੇ 43 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਪਾਈਪਲਾਈਨ ਪ੍ਰੋਜੈਕਟ ਦੀ ਸ਼ੁਰੂਆਤ ।

- ਜਲੰਧਰ-ਅੰਮ੍ਰਿਤਸਰ ਰਾਸ਼ਟਰੀ ਰਾਜ ਮਾਰਗ ‘ਤੇ ਗੁਡਾਣਾ ਪੁਲ ਨੇੜੇ ਅੱਜ ਸਵੇਰੇ ਦੋ ਵਾਹਨਾਂ ਦੀ ਟੱਕਰ ਵਿਚ ਦੋ ਔਰਤਾਂ ਸਮੇਤ ਤਿੰਨ ਲੋਕਾਂ ਦੀ ਮੌਤ ਹੋਈ 14 ਜ਼ਖਮੀ।
- ਸਰਕਾਰ ਵਲੋਂ ਸੀਨੀਅਰ ਭਾਰਤੀ ਪੁਲਿਸ ਸੇਵਾ ਅਧਿਕਾਰੀ ਪਰਾਗ ਜੈਨ ਨੂੰ ਦੋ ਸਾਲਾਂ ਲਈ ਖੋਜ ਅਤੇ ਵਿਸ਼ਲੇਸ਼ਣ ਵਿੰਗ-ਰਾਅ ਦਾ ਅਗਲਾ ਸਕੱਤਰ ਨਿਯੁਕਤ ਕੀਤਾ ਗਿਆ ।
- ਮੌਸਮ ਵਿਭਾਗ ਵਲੋਂ ਆਉਂਦੇ ਦੋ ਤੋਂ ਤਿੰਨ ਦਿਨਾਂ ਦੌਰਾਨ, ਸੂਬੇ ਵਿਚ ਹਲਕੀ ਤੋਂ ਦਰਮਿਆਨੀ ਵਰਖਾ ਦੀ ਪੇਸ਼ੀਨਗੋਈ-ਅੱਜ ਜਲੰਧਰ ਤੇ ਮੋਹਾਲੀ ਸਮੇਤ ਕਈ ਥਾਈਂ ਭਾਰੀ ਮੀਂਹ।

**ਇਸਦੇ ਨਾਲਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ**

**ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**